**ਦਫ਼ਤਰ ਡਾਇਰੈਕਟਰ ਜਨਰਲ ਸਕੂਲ ਸਿੱਖਿਆ, ਪੰਜਾਬ ਅਤੇ**
**ਸਟੇਟ ਪ੍ਰੋਜੈਕਟ ਡਾਇਰੈਕਟਰ, ਸਰਵ ਸਿੱਖਿਆ ਅਭਿਆਨ ਅਥਾਰਟੀ**
**ਪੰਜਾਬ ਐਸ.ਸੀ.ਓ. 104-106, ਸੈਕਟਰ 34-ਏ, ਚੰਡੀਗੜ੍ਹ**

ਵੱਲ

ਸਮੂਹ ਜਿਲ੍ਹਾ ਸਿੱਖਿਆ ਅਫਸਰ (ਐ.ਸਿ)
ਸਮੂਹ ਬਲਾਕ ਪ੍ਰਾਇਮਰੀ ਸਿੱਖਿਆ ਅਫਸਰ
ਸਮੂਹ ਪ੍ਰਾਇਮਰੀ ਸਕੂਲ ਮੁੱਖੀ (ਵੈਬਸਾਇਟ ਰਾਹੀਂ)
ਪੰਜਾਬ

ਮੀਮੋ ਨੰ: ਏ.ਐਸ.ਪੀ.ਡੀ.(ਮੀਡੀਆ)/ਐਸ.ਐਸ.ਏ/2013/2991
ਮਿਤੀ, ਚੰਡੀਗੜ੍ਹ : 06-02-2013

**ਵਿਸ਼ਾ: ਪੰਜਾਬ ਰਾਜ ਦੇ ਸਮੂਹ ਪ੍ਰਾਇਮਰੀ ਸਕੂਲਾਂ ਅੰਦਰ ਮਿਤੀ 20.2.2013 ਨੂੰ ਸਲਾਨਾ ਦਿਵਸ ਮਨਾਉਣ ਸਬੰਧੀ।**

1.0 ਉਪਰੋਕਤ ਵਿਸ਼ਾ ਵੱਲ ਧਿਆਨ ਦੇਣ ਦੀ ਖੇਚਲ ਕੀਤੀ ਜਾਵੇ ਜੀ।

2.0 ਆਪ ਜੀ ਨੂੰ ਪਤਾ ਹੀ ਹੈ ਕਿ ਪੰਜਾਬ ਸਰਕਾਰ ਦੁਆਰਾ ਰਾਜ ਦੇ ਸਮੂਹ ਪ੍ਰਾਇਮਰੀ ਸਕੂਲਾਂ ਅੰਦਰ ਪ੍ਰਾਇਮਰੀ ਸਿੱਖਿਆ ਦੇ ਸਤਰ ਨੂੰ ਉੱਚਾ ਚੁੱਕਣ ਲਈ ਪ੍ਰਵੇਸ਼ (ਪ੍ਰਾਇਮਰੀ ਵਿਦਿਆ ਸੁਧਾਰ) ਪ੍ਰਾਜੈਕਟ ਚਲਾਇਆ ਗਿਆ ਹੈ। ਇਸ ਪ੍ਰਾਜੈਕਟ ਤਹਿਤ ਬੱਚੇ ਨੂੰ ਮਿਆਰੀ ਸਿੱਖਿਆ ਦੇਣ ਦੇ ਉਪਰਾਲੇ ਵਜੋਂ ਬੱਚਿਆਂ ਨੂੰ ਵੱਖ-ਵੱਖ ਗਤੀਵਿਧੀਆਂ ਰਾਹੀਂ ਉਸਦੇ ਸਰਵਪੱਖੀ ਵਿਕਾਸ ਵੱਲ ਧਿਆਨ ਦੇਣਾ ਹੈ। ਇਸਦੇ ਤਹਿਤ ਹੀ ਫੀਲਡ ਵਿੱਚੋਂ ਆਏ ਸੁਝਾਵਾਂ ਦੇ ਮੱਦੇਨਜ਼ਰ ਇਹ ਫੈਸਲਾ ਕੀਤਾ ਗਿਆ ਹੈ ਕਿ ਰਾਜ ਦੇ ਸਮੂਹ ਪ੍ਰਾਇਮਰੀ ਸਕੂਲਾਂ ਅੰਦਰ 20 ਫਰਵਰੀ 2013 ਨੂੰ ਸਲਾਨਾ ਦਿਵਸ ਸਵੇਰੇ 11.00 ਵਜੇ ਤੋਂ 2.00 ਵਜੇ ਤੱਕ ਮਨਾਇਆ ਜਾਵੇ ਅਤੇ ਇਸ ਦਿਨ ਬੱਚਿਆਂ ਦੀਆਂ ਵੱਖ-ਵੱਖ ਪ੍ਰਤਿਭਾਵਾਂ ਨੂੰ ਉਭਾਰਨ ਦੇ ਦ੍ਰਿਸ਼ਟੀਕੋਣ ਤੋਂ ਬੱਚਿਆਂ ਦੇ ਮਾਪਿਆਂ, ਪਿੰਡ ਦੇ ਪਤਵੰਤੇ ਸੱਜਣਾਂ, ਪੰਚਾਇਤ ਮੈਬਰਾਂ, ਸਕੂਲ ਮੈਨੇਜਮੈਂਟ ਕਮੇਟੀ ਦੇ ਮੈਂਬਰਾਂ ਆਦਿ ਨੂੰ ਸਕੂਲ ਵਿੱਚ ਜਿੱਥੇ ਇਸ ਪ੍ਰੋਗਰਾਮ ਵਿੱਚ ਸ਼ਾਮਿਲ ਹੋਣ ਦਾ ਸੱਦਾ ਦਿੱਤਾ ਜਾਵੇ, ਉੱਥੇ ਸਰਕਾਰੀ ਸਕੂਲਾਂ ਅੰਦਰ ਪੜ੍ਹਨ ਵਾਲੇ ਬੱਚਿਆਂ ਦੀ ਕਾਰਗੁਜ਼ਾਰੀ ਰਾਹੀਂ ਸਰਕਾਰੀ ਸਕੂਲਾਂ ਦੇ ਅੰਦਰ ਕਰਵਾਈਆਂ ਜਾਦੀਆਂ ਵੱਖ-ਵੱਖ ਗਤੀਵਿਧੀਆਂ ਬਾਰੇ ਸਮਾਜ ਦੇ ਲੋਕਾਂ ਨੂੰ ਦੱਸਣ ਲਈ ਇੱਕ ਮਹੌਲ ਸਿਰਜਿਆ ਜਾਵੇ। ਇਸ ਦਿਨ ਸਕੂਲ ਵਿੱਚ ਹੇਠ ਲਿਖੇ ਅਨੁਸਾਰ ਗਤੀਵਿਧੀਆਂ ਕਰਵਾਈਆਂ ਜਾਣ :

2.1 ਭਾਸ਼ਣ
2.2 ਗੀਤ
2.3 ਕਵਿਸ਼ਰੀ
2.4 ਕਵਿਤਾ ਗਾਇਨ
2.5 ਸੁੰਦਰ ਲਿਖਈ
2.6 ਫੈਂਸੀ ਡਰੈੱਸ
2.7 ਕੋਰੀਓਗ੍ਰਾਫੀ
2.8 ਗਿੱਧਾ
2.9 ਭੰਗੜਾ
2.10 ਕਲੇਅ ਮਾਡਲਿੰਗ
2.11 ਖੇਡਾਂ / ਲੋਕ ਖੇਡਾਂ ਆਦਿ

3.0 ਪੰਜਾਬ ਸਰਕਾਰ ਵਲੋਂ ਇਹ ਉਪਰਾਲਾ ਕੀਤਾ ਗਿਆ ਹੈ ਕਿ ਬੱਚਿਆਂ ਦੇ ਦਾਖਲੇ ਸਬੰਧੀ ਪੂਰੇ ਜ਼ੋਰ-ਸ਼ੋਰ ਨਾਲ ਸਰਕਾਰੀ ਸਕੂਲਾਂ ਅੰਦਰ ਦਾਖਲਾ ਮੁਹਿੰਮ ਵੀ ਚਲਾਈ ਜਾਵੇ ਤਾਂ ਜੋ ਵੱਧ ਤੋਂ ਵੱਧ ਬੱਚੇ ਸਰਕਾਰੀ ਸਕੂਲਾਂ ਅੰਦਰ ਦਾਖਲ ਹੋਣ। ਇਸਦੇ ਸਨਮੁੱਖ ਹੀ ਸਮੂਹ ਸਕੂਲ ਮੁਖੀ ਸਰਕਾਰੀ ਸਕੂਲਾਂ ਅੰਦਰ ਬੱਚਿਆਂ ਦੇ ਦਾਖਲੇ ਲਈ ਦਾਖਲਾ ਮੁਹਿੰਮ ਦਾ ਪ੍ਰਾਰੰਭ ਕਰਦਿਆਂ ਸਰਕਾਰੀ ਸਕੂਲਾਂ ਦੀ ਸ਼ਾਨ, ਬੱਚਿਆਂ ਦੀ ਬੇਹਤਰ ਕਾਰਗੁਜਾਰੀ, ਸਰਕਾਰੀ ਸਕੂਲਾਂ ਵਿੱਚ ਮਿਲਦੀਆਂ ਸਹੂਲਤਾਂ ਆਦਿ ਬਾਰੇ ਸਬੰਧੀ ਬੱਚਿਆਂ ਦੇ ਮਾਪਿਆਂ ਨੂੰ ਸਰਕਾਰੀ ਸਕੂਲਾਂ ਅੰਦਰ ਬੱਚੇ ਦਾਖਲ ਕਰਨ ਲਈ ਪ੍ਰੇਰਿਤ ਕਰਨਗੇ। ਇਸ ਗੱਲ ਤੇ ਵੀ ਵਿਸ਼ੇਸ਼ ਧਿਆਨ ਦਿੱਤਾ ਜਾਵੇ ਕਿ ਕੁੜੀਆਂ ਦੇ ਦਾਖਲੇ ਸਬੰਧੀ ਸਮੂਹ ਸਕੂਲ ਮੁੱਖੀ ਅਤੇ ਅਧਿਆਪਕ ਸਾਹਿਬਾਨ ਇਸ ਨੂੰ ਵੀ ਮੁਹਿਮ ਰੂਪ ਵਿੱਚ ਲੈਂਦਿਆ ਲੜਕੀਆਂ ਦੀ ਸਿੱਖਿਆ ਲਈ ਵਿਸ਼ੇਸ਼ ਜ਼ੋਰ ਦੇਣਗੇ।

4.0 ਸਿੱਖਿਆ ਦੇ ਅਧਿਕਾਰ ਕਾਨੂੰਨ 2009 ਤਹਿਤ ਹੁਣ ਕੋਈ ਵੀ ਬੱਚਾ ਸਕੂਲ ਦੀ ਪੜ੍ਹਾਈ ਤੋਂ ਵਿਰਵਾ ਨਹੀਂ ਰਹਿਣਾ ਚਾਹੀਦਾ।ਸੋ ਅਧਿਆਪਕਾਂ ਨੂੰ ਪਿੰਡ/ ਸ਼ਹਿਰ ਦੇ ਸਕੂਲਾਂ ਬਾਹਰੋਂ ਵਿਦਿਆਰਥੀਆਂ ਨੂੰ ਸਕੂਲਾਂ ਅੰਦਰ ਦਾਖਲ ਕਰਵਾਉਣ ਲਈ ਆਪਣੀ ਜਿੰਮੇਵਾਰੀ ਸਮਝਦਿਆਂ ਸਕੂਲਾਂ ਅੰਦਰ ਬੱਚਿਆਂ ਦੇ ਦਾਖਲੇ ਦੀ ਗਿਣਤੀ ਵਧਾਉਣਗੇ ਅਤੇ ਇਸ ਗੱਲ ਵੱਲ ਵਿਸ਼ੇਸ ਧਿਆਨ ਦਿੱਤਾ ਜਾਵੇ ਕਿ ਸਕੂਲ ਵਿੱਚ ਪੜ੍ਹਨ ਵਾਲੇ ਵਿਦਿਆਰਥੀ ਅਗਲੀ ਜਮਾਤ ਵਿੱਚ ਲਾਜ਼ਮੀ ਦਾਖਲਾ ਲੈਣ ਅਤੇ ਰੋਜ਼ਾਨਾ ਸਕੂਲ ਆਉਣ।

ਚੱਲਦਾ ਪੰਨਾ 2

5.0 ਬੱਚਿਆਂ ਦੇ ਵੱਖ-ਵੱਖ ਆਇਟਮਾਂ ਵਿੱਚ ਭਾਗ ਲੈਣ ਵਾਲੇ ਬੱਚਿਆਂ ਦੀ ਕੀਤੀ ਜਾਣ ਵਾਲੀ ਹੌਂਸਲਾ-ਅਫ਼ਜਾਈ ਲਈ ਇਨਾਮ ਸਨਮਾਨ ਵੀ ਦੇਣਾ ਜਰੂਰੀ ਹੈ। ਇਸ ਲਈ ਇਸ ਖਰਚੇ ਦੀ ਪ੍ਰਤੀ ਪੂਰਤੀ ਲਈ ਹੈੱਡਆਫਿਸ ਦੇ ਸਕੂਲ ਮੈਨਜ਼ਮੈਂਟ ਕਮੇਟੀ (SMC) ਵਲੋਂ ਭੇਜੇ ਗਏ ਇੱਕ ਰੋਜ਼ਾ ਨਾਨ-ਰੈਜ਼ੀਡੈਨਸ਼ੀਅਲ ਟ੍ਰੇਨਿੰਗ ਤਹਿਤ ਮਿਲਣ ਵਾਲੇ ਫੰਡ 100/- ਰੁਪਏ ਪ੍ਰਤੀ ਵਿਅਕਤੀ ਦੇ ਹਿਸਾਬ ਨਾਲ 800/- ਰੁਪਏ ਤੱਕ ਸਕੂਲ ਮੁੱਖੀ ਸਕੂਲ ਮੈਨਜ਼ਮੈਂਟ ਕਮੇਟੀ (SMC) ਦੇ ਖਰਚੇ ਵਿੱਚੋਂ ਕਰ ਸਕਣਗੇ।

6.0 ਪ੍ਰਵੇਸ਼ ਪ੍ਰਾਜੈਕਟ ਟੀਮ ਦੀ ਇਹ ਜਿੰਮੇਵਾਰੀ ਹੈ ਕਿ ਉਹ ਹਰ ਸਕੂਲ ਦੀ ਇਸ ਸਬੰਧੀ ਯੋਜਨਾਬੰਦੀ ਕਰਨਗੇ ਅਤੇ ਹਰੇਕ ਸਕੂਲ ਅੰਦਰ ਪ੍ਰੋਗਰਾਮ ਨੂੰ ਵਧੀਆ ਤਰੀਕੇ ਨਾਲ ਤਿਆਰ ਕਰਵਾਉਣਗੇ।ਇਸ ਸਬੰਧੀ ਉਹ ਅਧਿਆਪਕਾਂ ਨੂੰ ਇਸਦਾ ਸਮੇਂ-ਸਮੇਂ ਸਿਰ ਬਣਦਾ ਸਹਿਯੋਗ ਦੇਣਗੇ।

7.0 ਇਸਤੋਂ ਇਲਾਵਾ ਮਿਤੀ 20.2.2013 ਨੂੰ ਰਾਜ ਦੇ ਸਮੂਹ ਮੰਡਲ ਸਿੱਖਿਆ ਅਫਸਰ, ਸਮੂਹ ਜ਼ਿਲ੍ਹਾ ਸਿੱਖਿਆ ਅਫਸਰ (ਸੈ.ਸਿ.) (ਐ.ਸਿ.), ਉਪ ਜ਼ਿਲ੍ਹਾ ਸਿੱਖਿਆ ਅਫਸਰ (ਸੈ.ਸਿ.) (ਐ.ਸਿ.), ਪ੍ਰਿੰਸੀਪਲ ਸਰਕਾਰੀ ਇੰਨਸਰਵਿਸ ਟ੍ਰੇਨਿੰਗ ਸੈਂਟਰ, ਪ੍ਰਿੰਸੀਪਲ ਜ਼ਿਲ੍ਹਾ ਸਿੱਖਿਆ ਅਤੇ ਸਿਖਲਾਈ ਸੰਸਥਾ ਅਤੇ ਬਲਾਕ ਪ੍ਰਾਇਮਰੀ ਸਿੱਖਿਆ ਅਫ਼ਸਰ ਆਪਣੇ-ਆਪਣੇ ਅਧੀਨ ਪੈਂਦੇ ਸਕੂਲਾਂ ਵਿੱਚ ਜਾਣਗੇ ਅਤੇ ਪ੍ਰੋਗਰਾਮ ਚ' ਸ਼ਾਮਲ ਬੱਚਿਆਂ ਦੀ ਕਾਰਗੁਜਾਰੀ ਨੂੰ ਉਤਸ਼ਾਹਿਤ ਕਰਨਗੇ। ਇਸਤੋਂ ਇਲਾਵਾ ਇਹ ਬੱਚਿਆਂ ਦੇ ਮਾਪਿਆਂ ਨਾਲ ਮੀਟਿੰਗ ਕਰਕੇ ਮਾਪਿਆਂ ਨੂੰ ਵੱਧ ਤੋਂ ਵੱਧ ਬੱਚੇ ਸਰਕਾਰੀ ਸਕੂਲਾਂ ਅੰਦਰ ਦਾਖਲ ਕਰਵਾਉਣ ਲਈ ਪ੍ਰੇਰਿਤ ਵੀ ਕਰਨਗੇ।

8.0 ਇਸ ਦਿਨ ਮੁੱਖ ਦਫਤਰ ਤੋਂ ਡੀ.ਪੀ.ਆਈ (ਐ.ਸਿ.) ਅਤੇ ਉਹਨਾਂ ਦੇ ਦਫਤਰ ਦੇ ਸਮੂਹ ਅਧਿਕਾਰੀ ਅਤੇ ਡੀ.ਜੀ.ਐੱਸ.ਈ ਦਫਤਰ ਦੇ ਸਮੂਹ ਅਧਿਕਾਰੀ ਅਲਾਟ ਕੀਤੇ ਜਾਣ ਵਾਲੇ ਜ਼ਿਲ੍ਹਿਆਂ ਦੇ ਸਕੂਲਾਂ ਦੀ ਵਿਜ਼ਿਟ ਕਰਨਗੇ ਅਤੇ ਵਿਜਿਟ ਤੋਂ ਬਾਅਦ ਆਪਣੀ ਰਿਪੋਰਟ ਮੁੱਖ ਦਫਤਰ ਨੂੰ ਕਰਨਗੇ।

9.0 ਉਪਰੋਕਤ ਹੁਕਮਾਂ ਦੀ ਇੰਨ-ਬਿੰਨ ਪਾਲਣਾ ਕੀਤੀ ਜਾਵੇ।

**ਕੇ.ਐੱਸ.ਪੰਨੂੰ,ਆਈ.ਏ.ਐੱਸ.**
**ਸਕੱਤਰ-ਕੰਮ-ਡਾਇਰੈਕਟਰ ਜਨਰਲ ਸਕੂਲ ਸਿੱਖਿਆ**
**ਪੰਜਾਬ, ਚੰਡੀਗੜ੍ਹ**

ਪਿੱਠ ਅੰਕਣ ਨੰ: 2992 ਮਿਤੀ: 06-02-13

ਉਪਰੋਕਤ ਦਾ ਉਤਾਰਾ ਹੇਠ ਲਿਖਿਆਂ ਨੂੰ ਭੇਜਿਆ ਜਾਂਦਾ ਹੈ :-

1. ਡਾਇਰੈਕਟਰ, ਪੇਂਡੂ ਵਿਕਾਸ ਅਤੇ ਪੰਚਾਇਤ ਵਿਭਾਗ, ਪੰਜਾਬ ਨੂੰ ਇਸ ਬੇਨਤੀ ਨਾਲ ਕਿ ਜ਼ਿਲ੍ਹਾ ਪ੍ਰੀਸ਼ਦਾਂ ਅਧੀਨ ਪੈਂਦੇ ਸਕੂਲਾਂ ਵਿੱਚ ਸਾਲਾਨਾ ਦਿਵਸ ਮਨਾਉਣ ਸਬੰਧੀ ਹਦਾਇਤਾਂ ਜਾਰੀ ਕਰਨ ਅਤੇ ਇਸਨੂੰ ਸੁਚਾਰੂ ਤਰੀਕੇ ਨਾਲ ਨੇਪਰੇ ਚਾੜ੍ਹਨ ਲਈ ਸਮੂਹ ਫੀਲਡ ਅਧਿਕਾਰੀਆਂ ਨੂੰ ਹਦਾਇਤਾਂ ਕਰਨ।
2. ਸਮੂਹ ਡਿਪਟੀ ਕਮਿਸ਼ਨਰ / ਚੈਅਰਮੈਨ, ਡੀ.ਈ.ਡੀ.ਸੀ., ਪੰਜਾਬ ਰਾਜ ਨੂੰ ਇਹ ਬੇਨਤੀ ਨਾਲ ਕਿ ਆਪਣੇ ਜ਼ਿਲ੍ਹਿਆਂ ਵਿੱਚ ਸਮੂਹ ਸਰਕਾਰੀ ਪ੍ਰਾਇਮਰੀ ਸਕੂਲਾਂ (ਸਮੇਤ ਜ਼ਿਲ੍ਹਾ ਪ੍ਰੀਸ਼ਦ ਅਧੀਨ ਆਉਂਦੇ ਸਕੂਲਾਂ) ਵਿੱਚ ਉੱਕਤ ਕੀਤੇ ਜਾ ਰਹੇ ਉਪਰਾਲੇ ਲਈ ਪ੍ਰਾਇਮਰੀ ਸਕੂਲਾਂ ਵਿੱਚ ਖੁਦ ਵੀ ਜਾ ਕੇ ਸਕੂਲ ਪੱਧਰ ਤੇ ਬੱਚਿਆਂ ਨੂੰ ਦਿੱਤੀਆਂ ਜਾ ਰਹੀਆਂ ਸਹੂਲਤਾਂ ਅਤੇ ਮਨਾਏ ਜਾ ਰਹੇ ਸਲਾਨਾ ਦਿਵਸ ਰਾਹੀਂ ਮਾਪਿਆਂ ਨੂੰ ਆਪਣੇ ਬੱਚੇ ਸਰਕਾਰੀ ਸਕੂਲਾਂ ਅੰਦਰ ਦਾਖਲ ਕਰਵਾਉਣ ਲਈ ਸੰਦੇਸ਼ ਦੇਣ।
3. ਸਮੂਹ ਏ.ਡੀ.ਸੀ.(ਵਿਕਾਸ), ਪੰਜਾਬ ਨੂੰ ਜਾਣਕਾਰੀ ਹਿੱਤ ਅਤੇ ਜਰੂਰੀ ਕਾਰਵਾਈ ਹਿੱਤ।

**ਕੇ.ਐੱਸ.ਪੰਨੂੰ, ਆਈ.ਏ.ਐੱਸ.**
**ਸਕੱਤਰ-ਕੰਮ-ਡਾਇਰੈਕਟਰ ਜਨਰਲ ਸਕੂਲ ਸਿੱਖਿਆ**
**ਪੰਜਾਬ, ਚੰਡੀਗੜ੍ਹ**

ਪਿੱਠ ਅੰਕਣ ਨੰ: 2993 ਮਿਤੀ: 06-02-13

ਉਪਰੋਕਤ ਦਾ ਉਤਾਰਾ ਹੇਠ ਲਿਖਿਆਂ ਨੂੰ ਭੇਜਿਆ ਜਾਂਦਾ ਹੈ :-

1. ਡੀ.ਪੀ.ਆਈ (ਐ.ਸਿ.) ਨੂੰ ਇਸ ਬੇਨਤੀ ਨਾਲ 20 ਫਰਵਰੀ 2013 ਵਾਲੇ ਦਿਨ ਸਕੂਲਾਂ ਦਾ ਦੌਰਾ ਕੀਤਾ ਜਾਵੇ ਅਤੇ ਆਪਣੇ ਅਧੀਨ ਅਧਿਕਾਰੀਆਂ ਦੀਆਂ ਵੱਖ-ਵੱਖ ਜ਼ਿਲ੍ਹਿਆਂ ਵਿੱਚ ਦੌਰੇ ਕਰਨ ਦੀ ਡਿਊਟੀ ਲਗਾਈ ਜਾਵੇ।

**ਕੇ.ਐੱਸ.ਪੰਨੂੰ, ਆਈ.ਏ.ਐੱਸ.**
**ਸਕੱਤਰ-ਕੰਮ-ਡਾਇਰੈਕਟਰ ਜਨਰਲ ਸਕੂਲ ਸਿੱਖਿਆ**
**ਪੰਜਾਬ, ਚੰਡੀਗੜ੍ਹ**